# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 05-05-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਉਨ੍ਹਾਂ ਦੀ ਸਰਕਾਰ 2036 ਦੇ ਓਲੰਪਿਕ ਤੋਂ ਪਹਿਲਾਂ ਭਾਰਤ ਨੂੰ ਖੇਡ ਮਹਾਂਸ਼ਕਤੀ ਬਣਾਉਣ ਲਈ ਵਚਨਬੱਧ ਏ। ਪ੍ਰਧਾਨ ਮੰਤਰੀ ਨੇ ਇਹ ਗੱਲ 'ਖੇਲੋ ਇੰਡੀਆ ਯੁਵਾ ਖੇਡਾਂ 2025' ਦੇ ਉਦਘਾਟਨ ਮੌਕੇ ਆਪਣੇ ਵੀਡੀਓ ਸੰਬੋਧਨ ਵਿਚ ਕਹੀ।**BYTE:**

ਸ੍ਰੀ ਮੋਦੀ ਨੇ ਕਿਹਾ ਕਿ ਸਰਕਾਰ ਨੇ ਇਸ ਸਾਲ ਖੇਡਾਂ ਲਈ 4 ਹਜ਼ਾਰ ਕਰੋੜ ਰੁਪਏ ਅਲਾਟ ਕੀਤੇ ਨੇ। ਖੇਡਾਂ ਦੇ ਬੁਨਿਆਦੀ ਢਾਂਚੇ ਨੂੰ ਬਿਹਤਰ ਬਣਾਉਣਾ ਸਾਡੀ ਪ੍ਰਮੁੱਖ ਤਰਜੀਹ ਏ ਅਤੇ ਹੁਣ ਦੇਸ਼ ਵਿਚ ਸਾਰਾ ਸਾਲ ਖੇਡ ਮੁਕਾਬਲੇ ਕੀਤੇ ਜਾਂਦੇ ਨੇ। ਇਸੇ ਤਰਾਂ ਰਾਸ਼ਟਰੀ ਸਿੱਖਿਆ ਨੀਤੀ ਵਿਚ ਖੇਡਾਂ ਨੂੰ ਮੁੱਖ ਧਾਰਾ ਦੇ ਅਧਿਐਨ ਦਾ ਹਿੱਸਾ ਬਣਾ ਕੇ ਮਾਨਤਾ ਦਿੱਤੀ ਗਈ ਏ। ਇਸ ਦੌਰਾਨ ਪ੍ਰਧਾਨ ਮੰਤਰੀ ਨੇ ਕਿਹਾ ਕਿ ਪਟਨਾ-ਗਯਾ ਹਾਈਵੇਅ 'ਤੇ ਇਕ ਸਪੋਰਟਸ ਸਿਟੀ ਵਿਕਸਤ ਕੀਤੀ ਜਾ ਰਹੀ ਏ। ਅੱਜ ਦੇਸ਼ ਵਿਚ ਇਕ ਹਜ਼ਾਰ ਤੋਂ ਵੱਧ **ਖੇਲੋ ਇੰਡੀਆ ਕੇਂਦਰ** ਚੱਲ ਰਹੇ ਨੇ।

'ਖੇਲੋ ਇੰਡੀਆ ਯੂਥ ਗੇਮਜ਼ 2025' ਬਿਹਾਰ ਦੇ ਪਟਨਾ ਵਿਚ ਸ਼ਾਨਦਾਰ ਸਮਾਰੋਹ ਨਾਲ ਸ਼ੁਰੂ ਹੋਈਆਂ। ਜਿਸ ਵਿਚ ਅੱਠ ਹਜ਼ਾਰ ਪੰਜ ਸੌ ਤੋਂ ਵੱਧ ਨੌਜਵਾਨ ਵੱਖ-ਵੱਖ ਮੁਕਾਬਲਿਆਂ ਵਿਚ ਹਿੱਸਾ ਲੈ ਰਹੇ ਨੇ।

---------------------------------------------------------

ਰੱਖਿਆ ਮੰਤਰੀ ਰਾਜਨਾਥ ਸਿੰਘ ਨੇ ਕਿਹਾ ਏ ਕਿ ਹਥਿਆਰਬੰਦ ਸੈਨਾਵਾਂ ਨਾਲ ਕੰਮ ਕਰਨਾ ਅਤੇ ਦੇਸ਼ ਦਾ ਬੁਰਾ ਚਾਹੁਣ ਵਾਲਿਆਂ ਨੂੰ ਢੁਕਵਾਂ ਜਵਾਬ ਦੇਣਾ ਉਨ੍ਹਾਂ ਦੀ ਜ਼ਿੰਮੇਵਾਰੀ ਏ । ਨਵੀਂ ਦਿੱਲੀ ਵਿਚ ਕਰਵਾਏ ਗਏ ਸੰਸਕ੍ਰਿਤੀ ਜਾਗਰਣ ਮਹਾਣ ਉਤਸਵ ਵਿੱਚ, ਸ਼੍ਰੀ ਸਿੰਘ ਨੇ ਕਿਹਾ ਕਿ ਦੇਸ਼ ਦੀਆਂ ਸਰਹੱਦਾਂ ਅਤੇ ਸੈਨਿਕਾਂ ਦੀ ਸੁਰੱਖਿਆ ਵੀ ਉਨ੍ਹਾਂ ਦੀ ਜ਼ਿੰਮੇਵਾਰੀ ਏ। **Byte**

ਰੱਖਿਆ ਮੰਤਰੀ ਨੇ ਕਿਹਾ ਕਿ ਹੁਣ ਪੂਰੀ ਦੁਨੀਆ ਭਾਰਤ ਦੀ ਮਹੱਤਤਾ ਨੂੰ ਸਮਝਦੀ ਏ ਤੇ ਦੇਸ਼ ਦੀ ਆਵਾਜ਼ ਅੰਤਰਰਾਸ਼ਟਰੀ ਮੰਚਾਂ 'ਤੇ ਸੁਣੀ ਜਾਂਦੀ ਏ। ਉਨ੍ਹਾਂ ਕਿਹਾ ਕਿ ਭਾਰਤ ਦਾ ਅਰਥਚਾਰਾ ਹੁਣ ਦੁਨੀਆ ਦੇ 11ਵੇਂ ਸਭ ਤੋਂ ਵੱਡੇ ਅਰਥਚਾਰੇ ਤੋਂ ਵਧ ਕੇ 5ਵਾਂ ਸਭ ਤੋਂ ਵੱਡਾ ਅਰਥਚਾਰਾ ਬਣ ਗਿਆ ਏ। ਭਾਰਤ ਪੂੰਜੀ ਦੇ ਮਾਮਲੇ ਵਿਚ ਦੁਨੀਆ ਦੇ ਤਿੰਨ ਸਿਖਰਲੇ ਦੇਸ਼ਾਂ ਵਿਚ ਸ਼ਾਮਲ ਹੋ ਗਿਆ ਏ ਅਤੇ ਭਵਿੱਖ ਵਿਚ ਦੇਸ਼

ਨੂੰ ਵਿਕਸਤ ਭਾਰਤ ਬਣਾਉਣ ਲਈ, ਸਾਨੂੰ ਹਰ ਤਰ੍ਹਾਂ ਨਾਲ ਮਜ਼ਬੂਤ ਬਣਨਾ ਪਵੇਗਾ।

------------------------------------------------------

ਜ਼ਿਲ੍ਹਾ ਤਰਨਤਾਰਨ ਵਿਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਗੋਇੰਦਵਾਲ ਸਾਹਿਬ ਦੇ ਇੰਚਾਰਜ ਵੱਲੋਂ ਸਕੂਲ ਵਿਚ ਇਕ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਤੋਂ ਸਨੈਕਸ ਪਰੋਸਣ ਤੇ ਵੇਟਰ ਦਾ ਕੰਮ ਕਰਵਾਉਣ ਦਾ ਮਾਮਲਾ ਸਾਹਮਣੇ ਆਉਣ ਤੋਂ ਬਾਅਦ ਪੰਜਾਬ ਦੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਸਕੂਲ ਇੰਚਾਰਜ ਨੂੰ ਮੁਅੱਤਲ ਕਰ ਦਿੱਤਾ ਏ। ਸਿੱਖਿਆ ਮੰਤਰੀ ਬੈਂਸ ਨੇ ਕਿਹਾ ਕਿ ਇਸ ਗ਼ਲਤ ਵਤੀਰੇ ਲਈ ਇੰਚਾਰਜ ਗੁਰਪ੍ਰਤਾਪ ਸਿੰਘ ਵਿਰੁੱਧ ਫੌਰੀ ਤੌਰ ਉੱਤੇ ਕਾਰਵਾਈ ਕੀਤੀ ਗਈ ਏ । ਮੁਅੱਤਲੀ ਦੀ ਮਿਆਦ ਦੌਰਾਨ ਇਸ ਇੰਚਾਰਜ ਦਾ ਮੁੱਖ ਦਫਤਰ, ਤਰਨਤਾਰਨ ਜ਼ਿਲ੍ਹਾ ਸਿੱਖਿਆ ਦਫ਼ਤਰ ਸੀਨੀਅਰ ਸੈਕੰਡਰੀ ਹੋਵੇਗਾ ।

------------------------------------------------------

ਅੰਮ੍ਰਿਤਸਰ ਦਿਹਾਤੀ ਪੁਲਿਸ ਨੇ ਦਹਿਸ਼ਤਗਰਦੀ ਨੈੱਟਵਰਕਾਂ ਵਿਰੁੱਧ ਕਾਰਵਾਈ ਕਰਦੇ ਹੋਏ ਯੂਕੇ-ਅਧਾਰਤ ਗੈਂਗਸਟਰ ਧਰਮਪ੍ਰੀਤ ਸਿੰਘ ਧਰਮਾ ਸੰਧੂ ਅਤੇ ਜੱਸਾ ਪੱਟੀ ਦੇ ਤਿੰਨ ਸਾਥੀਆਂ ਨੂੰ ਗ੍ਰਿਫਤਾਰ ਕੀਤਾ ਏ।

ਪੁਲਿਸ ਸੂਤਰਾਂ ਦੇ ਹਵਾਲੇ ਨਾਲ ਸਾਡੇ ਅੰਮ੍ਰਿਤਸਰ ਵਾਲੇ ਪੱਤਰਕਾਰ ਨੇ ਦੱਸਿਆ ਏ ਕਿ ਕਾਬੂ ਕੀਤੇ ਗਏ ਮੁਲਜ਼ਮਾਂ ਦੀ ਪਛਾਣ ਵਿਜੇ ਮਸੀਹ, ਅੰਗਰੇਜ ਸਿੰਘ ਤੇ ਇਕਬਾਲ ਸਿੰਘ ਵਜੋਂ ਹੋਈ ਏ, ਇਹ ਤਿੰਨੋਂ ਤਰਨਤਾਰਨ ਦੇ ਰਹਿਣ ਵਾਲੇ ਨੇ। ਇਨਾਂ ਕੋਲੋਂ 6 ਗਲੌਕ ਪਿਸਤੌਲਾਂ, 40 ਕਾਰਤੂਸ, 4 ਮੋਬਾਈਲ ਫੋਨ ਅਤੇ ਇਕ ਦੁਪਹੀਆ ਵਾਹਨ ਬਰਾਮਦ ਕੀਤਾ ਗਿਆ ਏ। ਮੁਢਲੀ ਜਾਂਚ ਮੁਤਾਬਕ ਇਹ ਤਿੰਨੋਂ ਮੁਲਜ਼ਮ ਅੰਤਰਰਾਸ਼ਟਰੀ ਅਪਰਾਧਿਕ ਸਿੰਡੀਕੇਟਾਂ ਦੇ ਸੰਪਰਕ ਵਿਚ ਨੇ। ਇਸ ਸਬੰਧ ਵਿਚ ਪੁਲਿਸ ਥਾਣਾ ਲੋਪੋਕੇ ਵਿਚ ਮਾਮਲਾ ਦਰਜ ਕੀਤਾ ਗਿਆ ਏ।

---------------------------------------------------------------

ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕੱਲ ਸੰਗਰੂਰ ਜ਼ਿਲ੍ਹੇ ਦੇ ਲੌਂਗੋਵਾਲ ਕਸਬੇ ਵਿਚ 11 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ 30 ਬਿਸਤਰਿਆਂ ਵਾਲੇ ਕਮਿਊਨਿਟੀ ਹੈਲਥ ਸੈਂਟਰ (ਸੀਐੱਚਸੀ) ਦਾ ਨੀਂਹ-ਪੱਥਰ ਰੱਖਿਆ। ਮੰਤਰੀ ਨੇ ਦੱਸਿਆ ਕਿ ਇਹ ਸਿਹਤ ਕੇਂਦਰ ਭਾਰਤੀ ਜਨਤਕ ਸਿਹਤ ਮਿਆਰਾਂ (IPP) ਦੀ ਪਾਲਣਾ ਕਰੇਗਾ ਅਤੇ ਬਲਾਕ ਪੱਧਰ 'ਤੇ ਲਗਭਗ 1 ਲੱਖ 92 ਹਜਾਰ ਦੀ ਅਬਾਦੀ ਨੂੰ ਸਿਹਤ ਲਾਭ ਪਹੁੰਚਾਏਗਾ।

--------------------------------------------------------------------

ਪੰਜਾਬ ਵਿਚ ਅੱਜ ਤੂਫ਼ਾਨ ਤੇ ਮੀਂਹ ਨੂੰ ਲੈ ਕੇ ਆਰੇਂਜ ਅਲਰਟ ਜਾਰੀ ਕੀਤਾ ਗਿਆ ਏ। ਮੌਸਮ ਵਿਚ ਇਹ ਤਬਦੀਲੀ ਪੱਛਮੀ ਗੜਬੜੀ ਦੀ ਸਰਗਰਮੀ ਕਾਰਨ ਦੇਖੀ ਜਾ ਰਹੀ ਏ। ਅੱਜ 5 ਮਈ ਨੂੰ ਪਠਾਨਕੋਟ, ਹੁਸ਼ਿਆਰਪੁਰ, ਰੂਪਨਗਰ, ਮੋਹਾਲੀ, ਸੰਗਰੂਰ ਅਤੇ ਮਾਨਸਾ ਵਿਚ ਮੀਂਹ ਅਤੇ ਤੂਫ਼ਾਨ ਲਈ ਆਰੈਂਜ ਅਲਰਟ ਜਦਕਿ ਬਾਕੀ ਸਾਰੇ ਜ਼ਿਲ੍ਹਿਆਂ ਵਿਚ ਯੈਲੋ ਅਲਰਟ ਜਾਰੀ ਕੀਤਾ ਗਿਆ ਏ। ਕਈ ਜ਼ਿਲ੍ਹਿਆਂ ਵਿਚ 8 ਮਈ ਤੱਕ ਮੀਂਹ ਤੇ ਤੂਫ਼ਾਨ ਲਈ ਯੈਲੋ ਅਲਰਟ ਜਾਰੀ ਕੀਤਾ ਗਿਆ ਏ।